ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ.ਏ.ਐਸ ਨਗਰ।

ਐਟ ਪੰ.ਸ.ਸਿੱ ਬੋਰਡ ਕੰਪਲੈਕਸ, ਫੇਜ-VIII, ਐਸ.ਏ.ਐਸ ਨਗਰ

(ਪਬਲਿਕ ਨੋਟਿਸ)

ਮੀਮੋ ਨੰ:: ਟਰਾਂਸਫਰ ਸੈੱਲ/ਬਦਲੀਆਂ/2026666102/8 ਮਿਤੀ:ਐਸ.ਏ.ਐਸ ਨਗਰ: 06.07.2026

1.0 ਸਾਲ 2026 ਦੌਰਾਨ ਆਮ ਬਦਲੀਆਂ ਦੌਰਾਨ ਪੋਰਟਲ ਰਾਹੀਂ ਪ੍ਰਾਇਮਰੀ ਵਿੰਗ ਨਾਲ ਸਬੰਧਤ ਅਧਿਆਪਕ (ਈਟੀਟੀ, ਹੈੱਡ ਟੀਚਰ ਅਤੇ ਸੈਂਟਰ ਹੈੱਡ ਟੀਚਰ) ਅਤੇ ਸਿੱਖਿਆ ਪ੍ਰੋਵਾਈਡਰ, ਈ.ਜੀ.ਐਸ., ਏ.ਆਈ.ਈ, ਐਸ.ਟੀ.ਆਰ. ਵਲੰਟੀਅਰਜ, ਆਈ.ਈ.ਵਲੰਟੀਅਰਜ ਜੋ ਬਦਲੀ ਲਈ ਅਪਲਾਈ ਕਰਨਾ ਚਾਹੁੰਦੇ ਹਨ, ਪਾਸੋਂ ਜਨਤਕ ਸੂਚਨਾਵਾਂ ਜਾਰੀ ਕਰਦੇ ਹੋਏ ਮਿਤੀ 22.05.2026 ਤੱਕ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀ ਗਈ ਸੀ। ਉਸ ਉਪਰੰਤ ਦਰਖਾਸਤਕਰਤਾ ਵੱਲੋਂ ਭਰੇ ਗਏ ਡਾਟਾ ਨੂੰ ਵੈਰੀਫਾਈ ਕਰਨ ਹਿੱਤ ਬੀਪੀਈਓ/ਡੀਈਓ ਨੂੰ ਮਿਤੀ 25.05.2026 ਤੋਂ 28.05.2026 ਤੱਕ ਦਾ ਸਮਾਂ ਦਿੱਤਾ ਗਿਆ ਸੀ।

2.0 ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕਰਨ ਸਬੰਧੀ Station Choice ਲੈਣ ਉਪਰੰਤ ਜੋ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਸਨ, ਉਨ੍ਹਾਂ ਦੇ ਹੁਕਮ ਮਿਤੀ 27.06.2026 ਨੂੰ ਜਾਰੀ ਕੀਤੇ ਗਏ ਹਨ।

3.0 ਵਿਭਾਗ ਵੱਲੋਂ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣ ਸਬੰਧੀ ਇੱਕ ਹੋਰ ਮੌਕਾ ਦਿੱਤਾ ਜਾਂਦਾ ਹੈ। ਜਿਨ੍ਹਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈਪੰਜਾਬ ਪੋਰਟਲ ਤੇ ਲਾਗ ਇੰਨ ਕਰਕੇ ਬਦਲੀ ਲਈ Station Choice ਮਿਤੀ 06.07.2026 ਤੋਂ ਮਿਤੀ 07.07.2026, ਬਾਅਦ ਦੁਪਹਿਰ 04:00 ਵਜੇ ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਭਧ ਖਾਲੀ ਅਸਾਮੀਆਂ ਦੀ ਸੂਚੀ ਈਪੰਜਾਬ ਪੋਰਟਲ ਤੇ Log In ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਨ੍ਹਾਂ ਉਪਲਭਧ ਖਾਲੀ ਸਟੇਸ਼ਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

4.0 ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

5.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ Epunjabschoolportal ਤੇ ਉਪਲਭਧ ਹੈ।

ਸਹਾਇਕ ਡਾਇਰੈਕਟਰ (ਅਮਲਾ-1)